ੴ ਸਤਿਗੁਰ ਪ੍ਰਸਾਦਿ

ARDAAS

(THE SIKH PRAYER)

Translated by: Ranbir Singh

Revised: July 2005

Distributed by:
Sikh Educational and Religious Foundation, P.O. Box 1553, Dublin, Ohio 43017
(Member, World Sikh Council – America Region)

ਅਰਦਾਸ*

ੴ ਵਾਹਿਗੁਰੂ ਜੀ ਕੀ ਫ਼ਤਹ॥
ਸ੍ਰੀ ਭਗੌਤੀ ਜੀ ਸਹਾਇ। ਵਾਰ ਸ੍ਰੀ ਭਗੌਤੀ ਜੀ ਕੀ ਪਾਤਸ਼ਾਹੀ ੧੦।

ਪ੍ਰਿਥਮ ਭਗੌਤੀ ਸਿਮਰਿ ਕੈ ਗੁਰ ਨਾਨਕ ਲਈਂ ਧਿਆਇ। ਫਿਰ ਅੰਗਦ ਗੁਰ ਤੇ ਅਮਰਦਾਸੁ ਰਾਮਦਾਸੈ ਹੋਈਂ ਸਹਾਇ। ਅਰਜਨ ਹਰਗੋਬਿੰਦ ਨੋ ਸਿਮਰੌਂ ਸ੍ਰੀ ਹਰਿਰਾਇ। ਸ੍ਰੀ ਹਰਿਕ੍ਰਿਸ਼ਨ ਧਿਆਈਐ ਜਿਸ ਡਿਠੈ ਸਭਿ ਦੁਖ ਜਾਇ। ਤੇਗ ਬਹਾਦਰ ਸਿਮਰੀਐ ਘਰ ਨਉ ਨਿਧਿ ਆਵੈ ਧਾਇ। ਸਭ ਥਾਈਂ ਹੋਇ ਸਹਾਇ। ਦਸਵਾਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ! ਸਭ ਥਾਈਂ ਹੋਇ ਸਹਾਇ। ਦਸਾਂ ਪਾਤਸ਼ਾਹੀਆਂ ਦੀ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਠ ਦੀਦਾਰ ਦਾ ਧਿਆਨ ਧਰ ਕੇ ਬੋਲੋ ਜੀ ਵਾਹਿਗੁਰੂ!

ਪੰਜਾਂ ਪਿਆਰਿਆਂ, ਚੌਹਾਂ ਸਾਹਿਬਜ਼ਾਦਿਆਂ, ਚਾਲ੍ਹੀਆਂ ਮੁਕਤਿਆਂ, ਹਠੀਆਂ, ਜਪੀਆਂ, ਤਪੀਆਂ, ਜਿਹਨਾਂ ਨਾਮ ਜਪਿਆ, ਵੰਡ ਛਕਿਆ, ਦੇਗ ਚਲਾਈ, ਤੇਗ ਵਾਹੀ, ਦੇਖ ਕੇ ਅਣਡਿੱਠ ਕੀਤਾ, ਤਿਨ੍ਹਾਂ ਪਿਆਰਿਆਂ, ਸਚਿਆਰਿਆਂ ਦੀ ਕਮਾਈ ਦਾ ਧਿਆਨ ਧਰ ਕੇ, ਖਾਲਸਾ ਜੀ! ਬੋਲੋ ਜੀ ਵਾਹਿਗੁਰੂ!

ਜਿਨ੍ਹਾਂ ਸਿੰਘਾਂ ਸਿੰਘਣੀਆਂ ਨੇ ਧਰਮ ਹੇਤ ਸੀਸ ਦਿੱਤੇ, ਬੰਦ ਬੰਦ ਕਟਾਏ, ਖੋਪਰੀਆਂ ਲੁਹਾਈਆਂ, ਚਰਖੀਆਂ ਤੇ ਚੜੇ, ਆਰਿਆਂ ਨਾਲ ਚਿਰਾਏ ਗਏ, ਗੁਰਦਵਾਰਿਆਂ ਦੀ ਸੇਵਾ ਲਈ ਕੁਰਬਾਨੀਆਂ ਕੀਤੀਆਂ, ਧਰਮ ਨਹੀਂ ਹਾਰਿਆ, ਸਿੱਖੀ ਕੇਸਾਂ ਸੁਆਸਾਂ ਨਾਲ ਨਿਬਾਹੀ, ਤਿਨ੍ਹਾਂ ਦੀ ਕਮਾਈ ਦਾ ਧਿਆਨ ਧਰ ਕੇ ਖਾਲਸਾ ਜੀ! ਬੋਲੋ ਜੀ ਵਾਹਿਗੁਰੂ!

ਪੰਜਾਂ ਤਖ਼ਤਾਂ, ਸਰਬੱਤ ਗੁਰਦੁਆਰਿਆਂ ਦਾ ਧਿਆਨ ਧਰ ਕੇ ਬੋਲੋ ਜੀ ਵਾਹਿਗੁਰੂ!

ਪ੍ਰਿਥਮੇ ਸਰਬੱਤ ਖਾਲਸਾ ਜੀ ਕੀ ਅਰਦਾਸ ਹੈ ਜੀ, ਸਰਬੱਤ ਖਾਲਸਾ ਜੀ ਕੋ ਵਾਹਿਗੁਰੂ, ਵਾਹਿਗੁਰੂ, ਵਾਹਿਗੁਰੂ ਚਿਤ ਆਵੇ, ਚਿਤ ਆਵਨ ਕਾ ਸਦਕਾ ਸਰਬ ਸੁਖ ਹੋਵੇ। ਜਹਾਂ ਜਹਾਂ ਖਾਲਸਾ ਜੀ ਸਾਹਿਬ ਤਹਾਂ ਤਹਾਂ ਰਛਿਆ ਰਿਆਇਤ, ਦੇਗ ਤੇਗ ਫ਼ਤਹ, ਬਿਰਦ ਕੀ ਪੈਜ, ਪੰਥ ਕੀ ਜੀਤ, ਸ੍ਰੀ ਸਾਹਿਬ ਜੀ ਸਹਾਇ, ਖਾਲਸੇ ਜੀ ਕੇ ਬੋਲ ਬਾਲੇ, ਬੋਲੋ ਜੀ ਵਾਹਿਗੁਰੂ!

ਸਿੱਖਾਂ ਨੂੰ ਸਿੱਖੀ ਦਾਨ, ਕੇਸ ਦਾਨ, ਰਹਿਤ ਦਾਨ, ਬਿਬੇਕ ਦਾਨ, ਵਿਸਾਹ ਦਾਨ, ਭਰੋਸਾ ਦਾਨ, ਦਾਨਾਂ ਸਿਰ ਦਾਨ ਨਾਮ ਦਾਨ, ਸ੍ਰੀ ਅੰਮ੍ਰਿਤਸਰ ਜੀ ਦੇ ਇਸ਼ਨਾਨ, ਚੌਕੀਆਂ, ਝੰਡੇ, ਬੁੰਗੇ ਜੁਗੋ ਜੁਗ ਅਟੱਲ, ਧਰਮ ਕਾ ਜੈਕਾਰ, ਬੋਲੋ ਜੀ ਵਾਹਿਗੁਰੂ!!!

ਸਿੱਖਾਂ ਦਾ ਮਨ ਨੀਵਾਂ, ਮਤ ਉੱਚੀ, ਮਤ ਦਾ ਰਾਖਾ ਆਪਿ ਵਾਹਿਗੁਰੂ!

ਹੇ ਅਕਾਲ ਪੁਰਖ ਆਪਣੇ ਪੰਥ ਦੇ ਸਦਾ ਸਹਾਈ ਦਾਤਾਰ ਜੀਓ! ਸ੍ਰੀ ਨਨਕਾਣਾ ਸਾਹਿਬ ਤੇ ਹੋਰ ਗੁਰਦੁਆਰਿਆਂ ਗੁਰਧਾਮਾਂ ਦੇ, ਜਿਨ੍ਹਾਂ ਤੋਂ ਪੰਥ ਨੂੰ ਵਿਛੋੜਿਆ ਗਿਆ ਹੈ, ਖੁਲ੍ਹੇ ਦਰਸ਼ਨ ਦੀਦਾਰ ਤੇ ਸੇਵਾ ਸੰਭਾਲ ਦਾ ਦਾਨ ਖ਼ਾਲਸਾ ਜੀ ਨੂੰ ਬਖ਼ਸ਼ੋ।

ਹੇ ਨਿਮਾਣਿਆਂ ਦੇ ਮਾਣ, ਨਿਤਾਣਿਆਂ ਦੇ ਤਾਣ, ਨਿਓਟਿਆਂ ਦੀ ਓਟ, ਸੱਚੇ ਪਿਤਾ, ਵਾਹਿਗੁਰੂ! ਆਪ ਦੇ ਹਜ਼ੂਰ _____** ਦੀ ਅਰਦਾਸ ਹੈ ਜੀ।

ਅੱਖਰ ਵਾਧਾ ਘਾਟਾ ਭੁੱਲ ਚੁੱਕ ਮਾਫ਼ ਕਰਨੀ। ਸਰਬੱਤ ਦੇ ਕਾਰਜ ਰਾਸ ਕਰਨੇ।

ਸੋਈ ਪਿਆਰੇ ਮੇਲ, ਜਿਨ੍ਹਾਂ ਮਿਲਿਆਂ ਤੇਰਾ ਨਾਮ ਚਿਤ ਆਵੇ। ਨਾਨਕ ਨਾਮ ਚੜ੍ਹਦੀ ਕਲਾ, ਤੇਰੇ ਭਾਣੇ ਸਰਬੱਤ ਦਾ ਭਲਾ।

---

* ਏਹ ਅਰਦਾਸ ਸ਼ਰੋਮਨੀ ਗੁਰੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਛਾਪੀ ਗਈ ਸਿੱਖ ਰਹਿਤ ਮਰਯਾਦਾ ਦੀ ਨਕਲ ਹੈ।

** ਇਥੇ ਉਸ ਬਾਣੀ ਦਾ ਨਾਮ ਲਵੋ, ਜੋ ਪੜ੍ਹੀ ਹੈ, ਜਾਂ ਜਿਸ ਕਾਰਜ ਲਈ ਇੱਕਤ੍ਰਤਾ ਹੋਵੇ, ਉਸ ਦਾ ਜ਼ਿਕਰ ਯੋਗ ਸ਼ਬਦਾਂ ਵਿਚ ਕਰੋ।

The Sikh Prayer*

There is but One Eternal (God). Victory to *Vaheguru.* May God protect us.

Ballad of God (by) the Tenth King. Having first remembered God, think of Guru Nanak; then think of Angad Guru, and Amar Dass and Ram Dass; may they help us. Remember Arjan, Hargobind and the great Har Rai. Let us think of the great Harkrishan whose sight dispels all sorrow. Let us think of Tegh Bahadar; the nine treasures shall hasten to our homes. May they help us every where.

The Tenth King, Sri Guru Gobind Singh Sahib Ji: protect us every where. Thinking of the reading, of the sight, of Sri Guru Granth Sahib Ji, the Light of the Ten Kings, please say: *Vaheguru*.

The five Beloved Ones; the four sons of the Master, the forty Saved Ones; the steadfast, meditating and devout souls who recited the Name, shared their food with others, ran free kitchens, plied the sword, and overlooked the faults of others; thinking of the deeds of those dear and true ones, *Khalsa Ji*, please say: *Vaheguru.*

Those *Singhs* and *Singhanis* who sacrificed their lives for the Faith, were cut up joint by joint, had their scalps scraped off, were broken on the wheel, were sawn alive, sacrificed their lives for the gurdwaras, but did not give up their faith and lived their devotion to the Sikh Way with their hair intact to the last breath; thinking of their sacrifices, *Khalsa Ji*, please say: *Vaheguru*.

Thinking of the five thrones and all the gurdwaras, please say: *Vaheguru.*

First, the entire *Khalsa* prays to You. May the entire *Khalsa* remember *Vaheguru, Vaheguru, Vaheguru*; and, through this remembrance, may there be complete joy. May Your protection extend to the *Khalsa* wherever they might be. May their kitchens and their swords be blessed with victory; may Your Will prevail; may the *Panth* be victorious; may the Sword assist them; may the *Khalsa* be triumphant; please say: *Vaheguru.*

Grant to the Sikhs the gift of being Sikhs, of uncut hair, of *Rehit*, of understanding, of faith and confidence; and the greatest gift of all, that of Your Name and a bath in Sri Amritsar Ji. May the choirs, banners and mansions of the Sikhs abide forever and ever. May righteousness triumph; please say: *Vaheguru*.

May the *Khalsa* be humble in mind and exalted in wisdom; may *Vaheguru* Himself guide their thoughts.

O Eternal All-Pervading Merciful Giver, ever the Support of Your *Panth*, bless Your Sikhs with the gift of freely visiting and serving at Sri Nankana Sahib and other gurdwaras and Gurus' homes from which the *Panth* has been separated.

Our True Father, Honor of the meek, Strength of the oppressed, Savior of the lost; *Vaheguru*, in Your Presence this is our *Ardaas* of _____** .

Forgive us our errors and omissions, any words added or missed; fulfill the purposes of all.

Give us the company of only those beloved people, meeting whom we may remember Your Name. O Nanak, The Name is glorious. There is good for all in accepting Your Will.

---

* Translated from the original in Punjabi, contained in the *Sikh Rehit Maryada* published by the Dharam Parchar Committee of the Shromani Gurdwara Parbandhak Committee.

** Here name the *Baani* which has been recited or describe in appropriate words the purpose for which the congregation has assembled.